# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
# ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।

---

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
2. ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)

ਮੀਮੋ ਨੰ:ਸਸਅ/ਐਮਸੀ/2010/58725-745
ਮਿਤੀ,ਚੰਡੀਗੜ੍ਹ 15-9-10

**ਵਿਸ਼ਾ :- ਅਭਿਆਸ ਪੁਸਤਕਾਂ ਤੇ ਕੰਮ ਕਰਵਾਉਣ ਸਬੰਧੀ।**

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਸਾਇੰਸ ਅਤੇ ਗਣਿਤ ਵਿਸ਼ਿਆਂ ਵਿੱਚ ਗੁਣਾਤਮਕ ਸੁਧਾਰ ਲਿਆਉਣ ਪੱਖੋਂ ਸਕੂਲ ਸਿੱਖਿਆ ਵਿਭਾਗ, ਪੰਜਾਬ ਵੱਲੋਂ ਇਨ੍ਹਾਂ ਵਿਸ਼ਿਆਂ ਦੀਆਂ ਵੱਖਰੀਆਂ ਵੱਖਰੀਆਂ ਅਭਿਆਸ ਪੁਸਤਕਾਂ ਤਿਆਰ ਕਰਕੇ ਸਕੂਲਾਂ ਅੰਦਰ ਭੇਜੀਆਂ ਗਈਆਂ ਹਨ । ਪਰ ਦਫ਼ਤਰ ਨੂੰ ਅਧਿਆਪਕਾਂ ਦੁਆਰਾ ਇਸ ਤਰ੍ਹਾਂ ਦੇ ਸੁਝਾਅ ਪ੍ਰਾਪਤ ਹੋਏ ਸਨ ਕਿ ਬੱਚਿਆਂ ਨੂੰ ਕਾਪੀਆਂ ਤੇ ਕੰਮ ਕਰਵਾਉਣ ਦੀ ਥਾਂ ਸਿਰਫ਼ ਅਭਿਆਸ ਪੁਸਤਕਾਂ ਤੇ ਹੀ ਕੰਮ ਕਰਵਾਇਆ ਜਾਵੇ। ਇਸ ਸਬੰਧ ਵਿੱਚ ਵੱਖ-ਵੱਖ ਸੈਮੀਨਾਰਾਂ ਦੌਰਾਨ ਅਧਿਆਪਕਾਂ ਤੋਂ ਇਸ ਦੀ ਫੀਡ ਬੈਕ ਵੀ ਲਈ ਗਈ ਜਿਸ ਵਿੱਚ ਉਨ੍ਹਾਂ ਵੱਲੋਂ ਇਹ ਸੁਝਾਅ ਦਿੱਤਾ ਗਿਆ ਹੈ ਕਿ ਬੱਚਿਆਂ ਨੂੰ ਕਾਪੀਆਂ ਤੇ ਕਰਵਾਇਆ ਜਾਣ ਵਾਲਾ ਕੰਮ ਬਹੁਤ ਜ਼ਰੂਰੀ ਹੈ ਅਤੇ ਅਭਿਆਸ ਪੁਸਤਕਾਂ ਤੇ ਕੰਮ ਅਧਿਆਪਕ ਦੁਹਰਾਈ ਦੇ ਵੇਲੇ ਇਸ ਦੀ ਵਰਤੋਂ ਕਰ ਸਕਦਾ ਹੈ।

3.0 ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਅਭਿਆਸ ਪੁਸਤਕਾਂ ਦੀ ਵਰਤੋਂ ਅਧਿਆਪਕ ਦੁਆਰਾ ਸਿਲੇਬਸ ਖਤਮ ਕਰਨ ਉਪਰੰਤ ਅਤੇ ਪ੍ਰੀਖਿਆ ਦੀ ਤਿਆਰੀ ਤੋਂ ਪਹਿਲਾਂ ਦੁਹਰਾਈ ਵੇਲੇ ਇਨ੍ਹਾਂ ਦੀ ਵਰਤੋਂ ਕੀਤੀ ਜਾਵੇ। ਇਹ ਵੀ ਜ਼ਰੂਰੀ ਹੈ ਕਿ ਵਿਸ਼ਾ ਅਧਿਆਪਕ ਵੱਲੋਂ ਇਸ ਨੂੰ ਚੈੱਕ ਵੀ ਕੀਤਾ ਜਾਵੇ।

4.0 ਮੰਡਲ ਨਿਰੀਖਣ ਟੀਮਾਂ ਅਤੇ ਜ਼ਿਲ੍ਹਾ ਨਿਰੀਖਣ ਟੀਮਾਂ ਜਦ ਵੀ ਸਕੂਲ ਅੰਦਰ ਨਿਰੀਖਣ ਦੌਰਾਨ ਜਾਂਦੀਆਂ ਹਨ ਤਾਂ ਉਸ ਸਮੇਂ ਬੱਚਿਆਂ ਨੂੰ ਕਾਪੀਆਂ ਤੇ ਕਰਵਾਏ ਜਾਂਦੇ ਕੰਮ ਦੇ ਨਾਲ ਨਾਲ ਅਭਿਆਸ ਪੁਸਤਕਾਂ ਦੀ ਦੁਹਰਾਈ ਸਮੇਂ ਕਰਵਾਏ ਜਾਂਦੇ ਕੰਮ ਦਾ ਨਿਰੀਖਣ ਵੀ ਕਰਨ।

5.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ,ਚੰਡੀਗੜ੍ਹ**

ਪਿਠਅੰਕਣ ਨੰ: 58747-806 ਮਿਤੀ,ਚੰਡੀਗੜ੍ਹ 15-9-10

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਅਤੇ ਯੋਗ ਕਾਰਵਾਈ ਲਈ ਭੇਜਿਆ ਜਾਂਦਾ ਹੈ।

1. ਸਮੂਹ ਮੰਡਲ ਨਿਰੀਖਣ ਟੀਮਾਂ।
2. ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ।
3. ਸਮੂਹ ਜ਼ਿਲ੍ਹਾ ਮੈਥ ਕੋਆਰਡੀਨੇਟਰ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ,ਚੰਡੀਗੜ੍ਹ**